**ਹਮ ਅਵਗੁਣਿ ਭਰੇ ਏਕੁ ਗੁਣੁ ਨਾਹੀ ਅੰਮ੍ਰਿਤੁ ਛਾਡਿ ਬਿਖੈ ਬਿਖੁ ਖਾਈ ॥ ਮਾਯਾ ਮੋਹ ਭਰਮ ਪੈ ਭੂਲੇ ਸੁਤ ਦਾਰਾ ਸਿਉ ਪ੍ਰੀਤਿ ਲਗਾਈ ॥** {ਪੰਨਾ 1406}

ਪਦ ਅਰਥ:- ਬਿਖੁ—ਜ਼ਹਿਰ। ਬਿਖੈ ਬਿਖੁ—ਜ਼ਹਿਰ ਹੀ ਜ਼ਹਿਰ। ਬਿਖੈ ਬਿਖੁ ਖਾਈ—ਅਸਾਂ ਨਿਰੋਲ ਵਿਹੁ ਹੀ ਖਾਧੀ ਹੈ। ਪੈ—ਪੈ ਕੇ। ਸੁਤ—ਪੁੱਤਰ। ਦਾਰਾ—ਇਸਤ੍ਰੀ। ਸਉ—ਨਾਲ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ।

ਅਰਥ:- ਅਸੀਂ ਅਉਗਣਾਂ ਨਾਲ ਭਰੇ ਹੋਏ ਹਾਂ , (ਸਾਡੇ ਵਿਚ) ਇੱਕ ਭੀ ਗੁਣ ਨਹੀਂ ਹੈ , ਅੰਮ੍ਰਿਤ (-ਨਾਮ) ਨੂੰ ਛੱਡ ਕੇ ਅਸਾਂ ਨਿਰੀ ਵਿਹੁ ਹੀ ਖਾਧੀ ਹੈ। ਮਾਇਆ ਦੇ ਮੋਹ ਅਤੇ ਭਰਮਾਂ ਵਿਚ ਪੈ ਕੇ ਅਸੀਂ (ਸਹੀ ਜੀਵਨ-ਰਾਹ ਤੋਂ) ਭੁੱਲੇ ਹੋਏ ਹਾਂ, ਤੇ ਪੁੱਤਰ ਇਸਤ੍ਰੀ ਨਾਲ ਅਸਾਂ ਪਿਆਰ ਪਾਇਆ ਹੋਇਆ ਹੈ।

**ਇਕੁ ਉਤਮ ਪੰਥੁ ਸੁਨਿਓ ਗੁਰ ਸੰਗਤਿ ਤਿਹ ਮਿਲੰਤ ਜਮ ਤ੍ਰਾਸ ਮਿਟਾਈ ॥ ਇਕ ਅਰਦਾਸਿ ਭਾਟ ਕੀਰਤਿ ਕੀ ਗੁਰ ਰਾਮਦਾਸ ਰਾਖਹੁ ਸਰਣਾਈ ॥੪॥੫੮॥** {ਪੰਨਾ 1406}

ਪਦ ਅਰਥ:- ਤਿਹ ਮਿਲੰਤ—ਉਸ ਵਿਚ ਮਿਲ ਕੇ। ਤ੍ਰਾਸ—ਡਰ। ਭਾਟ—ਭੱਟ। ਗੁਰ—ਹੇ ਗੁਰੂ!

ਅਰਥ:- ਅਸਾਂ ਸਤਿਗੁਰੂ ਦੀ ਸੰਗਤਿ ਵਾਲਾ ਇਕ ਉੱਚਾ ਰਾਹ ਸੁਣਿਆ ਹੈ , ਉਸ ਵਿਚ ਮਿਲ ਕੇ ਅਸਾਂ ਜਮਾਂ ਦਾ ਡਰ ਮਿਟਾ ਲਿਆ ਹੈ। 'ਕੀਰਤ' ਭੱਟ ਦੀ ਹੁਣ ਇਕ ਬੇਨਤੀ ਹੈ ਕਿ ਹੇ ਗੁਰੂ ਰਾਮਦਾਸ ਜੀ! ਆਪਣੀ ਸਰਨੀ ਰੱਖੋ।4। 58।

(ਭੱਟ ਕੀਰਤ ਦੇ 4 ਸਵਈਏ)